# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 28-07-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਆਪ੍ਰੇਸ਼ਨ ਸਿੰਦੂਰ ਨੇ ਦੁਨੀਆ ਨੂੰ ਦਿਖਾਇਆ ਏ ਕਿ ਜੇਕਰ ਭਾਰਤ ਦੀ ਪ੍ਰਭੂਸੱਤਾ 'ਤੇ ਹਮਲਾ ਹੁੰਦਾ ਏ ਤਾਂ ਇਹ ਕਿਵੇਂ ਜਵਾਬ ਦੇਵੇਗਾ। ਸ਼੍ਰੀ ਮੋਦੀ ਨੇ ਕਿਹਾ ਕਿ ਫੌਜੀ ਕਾਰਵਾਈ ਨੇ ਦੇਸ਼ ਭਰ ਵਿਚ ਆਤਮ ਵਿਸ਼ਵਾਸ ਦੀ ਨਵੀਂ ਭਾਵਨਾ ਪੈਦਾ ਕੀਤੀ ਏ । ਉਹ ਤਾਮਿਲਨਾਡੂ ਦੇ ਗੰਗਾਈਕੋਂਡਾ ਚੋਲਾਪੁਰਮ ਵਿਖੇ ਪ੍ਰਤੀਕ ਚੋਲ ਰਾਜਾ ਰਾਜੇਂਦਰ ਚੋਲਾ-1 ਦੇ ਜਨਮ ਦਿਵਸ ਸਮਾਰੋਹ ਵਿਚ ਬੋਲ ਰਹੇ ਸਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਨੇ ਇਹ ਵੀ ਸਾਬਤ ਕਰ ਦਿੱਤਾ ਏ ਕਿ ਭਾਰਤ ਨੂੰ ਨਿਸ਼ਾਨਾ ਬਣਾਉਣ ਵਾਲੇ ਦੁਸ਼ਮਣਾਂ ਅਤੇ ਦਹਿਸ਼ਤਗਰਦਾਂ ਲਈ ਕੋਈ ਪਨਾਹਗਾਹ ਸੁਰੱਖਿਅਤ ਨਹੀਂ ਏ ।

---------------------------------------------------

ਅੱਜ ਲੋਕ ਸਭਾ ਵਿਚ ਆਪ੍ਰੇਸ਼ਨ ਸਿੰਦੂਰ 'ਤੇ ਚਰਚਾ ਸ਼ੁਰੂ ਹੋਣ ਦੀ ਉਮੀਦ ਏ। ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ ਨੇ ਪਹਿਲਾਂ ਦੱਸਿਆ ਸੀ ਕਿ ਪਹਿਲਗਾਮ ਵਿਚ ਹੋਏ ਦਹਿਸ਼ਤਗਰਦ ਹਮਲੇ ਅਤੇ ਆਪ੍ਰੇਸ਼ਨ ਸਿੰਦੂਰ ਤਹਿਤ ਭਾਰਤ ਦੇ ਜਵਾਬ 'ਤੇ ਸੰਸਦ ਦੇ ਚੱਲ ਰਹੇ ਮਾਨਸੂਨ ਇਜਲਾਸ ਦੌਰਾਨ ਵਿਸ਼ੇਸ਼ ਚਰਚਾ ਹੋਵੇਗੀ। ਫਿਲਹਾਲ ਲੋਕ ਸਭਾ ਨੂੰ 2 ਵਜੇ ਤੱਕ ਲਈ ਉਠਾ ਦਿੱਤਾ ਗਿਆ ਏ।

--------------------------------------------------------------

ਪੰਜਾਬ ਵਿਚ ਦੋ ਵੱਖ-ਵੱਖ ਘਟਨਾਵਾਂ ਵਿਚ ਲੁਧਿਆਣਾ ਤੇ ਜਲੰਧਰ ਵਿਚ ਬੀਤੀ ਰਾਤ 9 ਵਿਅਕਤੀਆਂ ਦੀ ਮੌਤ ਹੋ ਗਈ ਜਦੋਂਕਿ 19 ਲੋਕਾਂ ਨੂੰ ਬਚਾਅ ਲਿਆ ਗਿਆ ਏ। ਪਹਿਲੀ ਘਟਨਾ ਵਿਚ ਬੀਤੀ ਰਾਤ ਲੁਧਿਆਣਾ ਜ਼ਿਲ੍ਹੇ ਵਿਚ ਸ਼ਰਧਾਲੂਆਂ ਨੂੰ ਲੈ ਕੇ ਜਾ ਰਿਹਾ ਇਕ ਚਾਰ-ਪਹੀਆ ਵਾਹਨ ਸਰਹਿੰਦ ਨਹਿਰ ਵਿਚ ਪਲਟ ਜਾਣ ਕਾਰਨ 2 ਬੱਚਿਆਂ ਤੇ 3 ਔਰਤਾਂ ਸਮੇਤ 6 ਵਿਅਕਤੀਆਂ ਦੀ ਮੌਤ ਹੋ ਗਈ, 4 ਵਿਅਕਤੀ ਲਾਪਤਾ ਹੋ ਗਏ ਜਦਕਿ 19 ਹੋਰਨਾਂ ਨੂੰ ਬਚਾਅ ਲਿਆ ਗਿਆ ਏ। ਇਹ ਸਾਰੇ ਜ਼ਿਲ੍ਹੇ ਦੇ ਪਿੰਡ ਮਾਣਕਵਾਲ ਦੇ ਰਹਿਣ ਵਾਲੇ ਸਨ। ਲੁਧਿਆਣਾ ਦੇ ਡਿਪਟੀ

ਕਮਿਸ਼ਨਰ ਹਿਮਾਂਸ਼ੂ ਜੈਨ ਮੁਤਾਬਕ 29 ਸ਼ਰਧਾਲੂ ਇਕ ਧਾਰਮਿਕ ਸਥਾਨ ਤੋਂ ਵਾਪਸੀ ਦੇ ਸਫ਼ਰ ਉੱਤੇ ਸਨ ਕਿ ਉਨ੍ਹਾਂ ਦਾ ਓਵਰਲੋਡ ਵਾਹਨ ਸਰਹਿੰਦ ਨਹਿਰ ਵਿਚ ਪਲਟ ਗਿਆ। ਡੀਸੀ ਨੇ ਕਿਹਾ ਕਿ 4 ਲਾਪਤਾ ਵਿਅਕਤੀਆਂ ਦੀ ਭਾਲ ਜਾਰੀ ਏ। ਇਕ ਹੋਰ ਘਟਨਾ ਦੌਰਾਨ ਜਲੰਧਰ ਵਿਚ ਸਥਾਨਕ ਸਿਵਲ ਹਸਪਤਾਲ ਵਿਚ ਇਲਾਜ ਕਰਵਾ ਰਹੇ ਪੰਜ ਵਿੱਚੋਂ 3 ਮਰੀਜ਼ਾਂ ਦੀ ਮੌਤ ਹੋ ਗਈ, ਇਸ ਦੇ ਪਿੱਛੇ ਆਕਸੀਜਨ ਪਲਾਂਟ ਵਿਚ ਤਕਨੀਕੀ ਨੁਕਸ ਦੱਸਿਆ ਜਾ ਰਿਹਾ ਏ। ਇਕ ਹੋਰ ਮਰੀਜ਼ ਦੀ ਹਾਲਤ ਸਵੇਰੇ ਗੰਭੀਰ ਹੋ ਗਈ ਏ। ਮੈਡੀਕਲ ਸੁਪਰਡੈਂਟ ਡਾ. ਰਾਜ ਕੁਮਾਰ ਨੇ ਇਨ੍ਹਾਂ ਮੌਤਾਂ ਬਾਰੇ ਪੁਸ਼ਟੀ ਕਰਦੇ ਹੋਏ ਕਿਹਾ ਏ ਕਿ ਇਹ ਘਟਨਾ ਤਕਨੀਕੀ ਨੁਕਸ ਕਾਰਨ ਵਾਪਰੀ, ਜਿਸ ਕਾਰਨ ਮਰੀਜ਼ਾਂ ਨੂੰ ਆਕਸੀਜਨ ਦੀ ਸਪਲਾਈ ਬੰਦ ਹੋ ਗਈ ਸੀ। ਇਸੇ ਦੌਰਾਨ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਹਸਪਤਾਲ ਦਾ ਦੌਰਾ ਕੀਤਾ ਤੇ ਇਸ ਘਟਨਾ ਦੀ ਜਾਂਚ ਦੇ ਹੁਕਮ ਦੇ ਕੇ 24 ਘੰਟਿਆਂ ਦੇ ਅੰਦਰ ਰਿਪੋਰਟ ਮੰਗੀ ਏ।

---

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਏ ਕਿ ਪੰਜਾਬ ਸਰਕਾਰ ਵੱਲੋਂ ਬੁਢਾਪਾ ਪੈਨਸ਼ਨ ਯੋਜਨਾ ਤਹਿਤ ਜੂਨ 2025 ਤੱਕ 1,347 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਗਈ ਏ। ਇਸ ਮਿਆਦ ਦੌਰਾਨ 22 ਲੱਖ ਤੋਂ ਵੱਧ ਬਜ਼ੁਰਗ ਲਾਭਪਾਤਰੀਆਂ ਨੇ ਯੋਜਨਾ ਦਾ ਲਾਭ ਪ੍ਰਾਪਤ ਕੀਤਾ। ਉਨ੍ਹਾਂ ਦੱਸਿਆ ਕਿ ਚਾਲੂ ਵਿੱਤੀ ਸਾਲ ਲਈ ਸੂਬਾ ਸਰਕਾਰ ਵੱਲੋਂ ਬੁਢਾਪਾ ਪੈਨਸ਼ਨ ਲਈ 4,100 ਕਰੋੜ ਰੁਪਏ ਦਾ ਬਜਟ ਮੁਹੱਈਆ ਕਰਵਾਇਆ ਗਿਆ ਏ। ਇਵੇਂ ਹੀ ਬਾਲ ਭਿੱਖਿਆ ਮਾਮਲਿਆਂ ਬਾਰੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਜੀਵਨਜੋਤ ਮੁਹਿੰਮ–2 ਤਹਿਤ ਪੰਜਾਬ ਵਿਚ ਵੱਖ-ਵੱਖ ਥਾਵਾਂ 'ਤੇ ਮਾਰੇ ਗਏ 11 ਛਾਪਿਆਂ ਦੌਰਾਨ 3 ਬੱਚਿਆਂ ਦਾ ਬਚਾਅ ਕੀਤਾ ਗਿਆ ਏ। ਇਸ ਮੁਹਿੰਮ ਦੀ ਸ਼ੁਰੂਆਤ ਤੋਂ ਸਿਰਫ 11 ਦਿਨਾਂ ਵਿਚ 190 ਛਾਪਿਆਂ ਦੌਰਾਨ ਕੁੱਲ 195 ਬੱਚਿਆਂ ਨੂੰ ਬਚਾਇਆ ਗਿਆ ਏ ਤੇ 102 ਬੱਚੇ, ਬਾਲ ਘਰਾਂ ਵਿਚ ਭੇਜੇ ਗਏ ਨੇ। ਉਨ੍ਹਾਂ ਨੇ ਲੋਕਾਂ ਨੂੰ

ਅਪੀਲ ਕੀਤੀ ਕਿ ਜੇਕਰ ਉਹ ਕਿਸੇ ਬੱਚੇ ਨੂੰ ਭੀਖ ਮੰਗਦਿਆਂ ਦੇਖਣ ਤਾਂ ਚਾਈਲਡ ਹੈਲਪਲਾਈਨ ਨੰਬਰ 1098 'ਤੇ ਸੂਚਨਾ ਦੇਣ ।

---------------------------------------------------------

ਰਾਜ ਸਭਾ ਮੈਂਬਰ ਡਾ. ਸੁਧਾਂਸ਼ੂ ਤ੍ਰਿਵੇਦੀ ਨੇ ਕਿਹਾ ਏ ਕਿ ਦੁਨੀਆ, ਭਾਰਤ ਦੇ ਤੇਜ਼ੀ ਨਾਲ ਵੱਧ ਰਹੇ ਪ੍ਰਭਾਵ 'ਤੇ ਧਿਆਨ ਦੇ ਰਹੀ ਏ, ਪਰ ਇਸ ਤੋਂ ਵਿਸ਼ਵ ਨੂੰ ਡਰਨ ਦੀ ਜ਼ਰੂਰਤ ਨਹੀਂ ਏ। ਉਹ ਕੱਲ੍ਹ ਪੰਜਾਬ ਯੂਨੀਵਰਸਿਟੀ ਵਿਚ ਕਰਵਾਏ ਗਏ ਚੌਥੇ ਸ਼੍ਰੀ ਬਲਰਾਮਜੀ ਦਾਸ ਟੰਡਨ ਯਾਦਗਾਰੀ ਭਾਸ਼ਣ ਵਿਚ ਬੋਲ ਰਹੇ ਸਨ। ਡਾ. ਤ੍ਰਿਵੇਦੀ ਨੇ ਬਲਰਾਮਜੀ ਦਾਸ ਟੰਡਨ ਨੂੰ ਸਮਾਜ ਦਾ "ਪਥ ਪ੍ਰਦਰਸ਼ਕ ਦੀਪਕ" ਆਖਿਆ ਤੇ ਅੱਗੇ ਕਿਹਾ ਕਿ ਉਨ੍ਹਾਂ ਦਾ ਯੋਗਦਾਨ ਸਾਡੇ ਮਜ਼ਬੂਤ ਸੰਗਠਨ ਦੀ ਬੁਨਿਆਦ ਏ। 'ਸਸ਼ਕਤ ਭਾਰਤ ਦੁਨੀਆ ਨੂੰ ਕਿਉਂ ਡਰਾਉਂਦਾ ਏ' ਵਿਸ਼ੇ 'ਤੇ ਗੱਲ ਕਰਦੇ ਹੋਏ ਉਨ੍ਹਾਂ ਦੱਸਿਆ ਕਿ ਅੱਜ ਦੁਨੀਆ ਦੇ ਡਿਜ਼ੀਟਲ ਲੈਣ-ਦੇਣ ਦਾ 48 ਫੀਸਦੀ, ਭਾਰਤ ਕਰਦਾ ਏ, 50 ਫੀਸਦੀ ਬਿਜਲੀ ਸਮਰੱਥਾ ਸਾਫ਼ ਊਰਜਾ ਤੋਂ ਏ ਅਤੇ ਭਾਰਤ ਦੁਨੀਆ ਦਾ ਵੱਡਾ ਅਰਥਚਾਰਾ ਬਣਨ ਜਾ ਰਿਹਾ ਏ। ਪੰਜਾਬ ਯੂਨੀਵਰਸਿਟੀ ਦੀ ਵਾਈਸ ਚਾਂਸਲਰ ਪ੍ਰੋ. ਰੇਣੂ

ਵਿਗ ਨੇ ਯੂਨੀਵਰਸਿਟੀ ਦੇ ਯੋਗਦਾਨ ਤੇ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਬਲਰਾਮਜੀ ਦਾਸ ਟੰਡਨ ਨੂੰ ਮਰਨ ਉਪਰੰਤ ਪਦਮ ਐਵਾਰਡ ਦੇਣ ਦੀ ਮੰਗ ਕੀਤੀ । ਅਖੀਰ ਵਿਚ ਪੀਯੂ ਰਜਿਸਟਰਾਰ ਪ੍ਰੋ. ਵਾਈ.ਪੀ. ਵਰਮਾ ਨੇ ਧੰਨਵਾਦ ਮਤਾ ਪੇਸ਼ ਕੀਤਾ।

------------------------------------------------------------

ਸੀਮਾ ਸੁਰੱਖਿਆ ਬਲ (ਬੀ.ਐੱਸ.ਐੱਫ.) ਨੇ ਸਰਹੱਦ ਪਾਰੋਂ ਨਸ਼ੇ ਤੇ ਅਸਲੇ ਦੀ ਤਸਕਰੀ ਉੱਤੇ ਕਾਰਵਾਈ ਕਰਦਿਆਂ ਕੱਲ੍ਹ ਰਾਤ ਅੰਮ੍ਰਿਤਸਰ ਤੇ ਤਰਨਤਾਰਨ ਵਿਚ 4 ਡ੍ਰੋਨਾਂ ਨੂੰ ਡੇਗ ਲਿਆ ਏ। ਬੀ.ਐੱਸ.ਐੱਫ. ਦੇ ਸੂਤਰਾਂ ਮੁਤਾਬਕ ਇਸ ਕਾਰਵਾਈ ਵਿਚ ਇਕ ਪਿਸਤੌਲ ਤੇ ਇਕ ਕਿੱਲੋ ਤੋਂ ਵੱਧ ਹੈਰੋਇਨ ਵੀ ਜ਼ਬਤ ਕੀਤੀ ਗਈ ਏ।

------------------------------------------------------------